ਪ੍ਰਭਾਤੀ ॥ ਅਲਹੁ ਏਕੁ ਮਸੀਤਿ ਬਸਤੁ ਹੈ ਅਵਰੁ ਮੁਲਖੁ ਕਿਸੁ ਕੇਰਾ ॥ ਹਿੰਦੂ ਮੂਰਤਿ ਨਾਮ ਨਿਵਾਸੀ ਦੁਹ ਮਹਿ ਤਤੁ ਨ ਹੇਰਾ ॥੧॥ ਅਲਹ ਰਾਮ ਜੀਵਉ ਤੇਰੇ ਨਾਈ ॥ ਤੂ ਕਰਿ ਮਿਹਰਾਮਤਿ ਸਾਈ ॥੧॥ ਰਹਾਉ ॥ ਦਖਨ ਦੇਸਿ ਹਰੀ ਕਾ ਬਾਸਾ ਪਛਿਮਿ ਅਲਹ ਮੁਕਾਮਾ ॥ ਦਿਲ ਮਹਿ ਖੋਜਿ ਦਿਲੈ ਦਿਲਿ ਖੋਜਹੁ ਏਹੀ ਠਉਰ ਮੁਕਾਮਾ ॥ ੨॥ ਬ੍ਰਹਮਨ ਗਿਆਸ ਕਰਹਿ ਚਉਬੀਸਾ ਕਾਜੀ ਮਹ ਰਮਜਾਨਾ ॥ ਗਿਆਰਹ ਮਾਸ ਪਾਸ ਕੈ ਰਾਖੇ ਏਕੈ ਮਾਹਿ ਨਿਧਾਨਾ ॥ ੩॥ ਕਹਾ ਉਡੀਸੇ ਮਜਨੁ ਕੀਆ ਕਿਆ ਮਸੀਤਿ ਸਿਰੁ ਨਾਂਏਂ ॥ ਦਿਲ ਮਹਿ ਕਪਟੁ ਨਿਵਾਜ ਗੁਜਾਰੈ ਕਿਆ ਹਜ ਕਾਬੈ ਜਾਂਏਂ ॥ ੪॥ ਏਤੇ ਅਉਰਤ ਮਰਦਾ ਸਾਜੇ ਏ ਸਭ ਰੂਪ ਤੁਮ੍ਹਾਰੇ ॥ ਕਬੀਰੁ ਪੂੰਗਰਾ ਰਾਮ ਅਲਹ ਕਾ ਸਭ ਗੁਰ ਪੀਰ ਹਮਾਰੇ ॥੫॥ ਕਹਤੁ ਕਬੀਰੁ ਸੁਨਹੁ ਨਰ ਨਰਵੈ ਪਰਹੁ ਏਕ ਕੀ ਸਰਨਾ ॥ ਕੇਵਲ ਨਾਮੁ ਜਪਹੁ ਰੇ ਪ੍ਰਾਨੀ ਤਬ ਹੀ ਨਿਹਚੈ ਤਰਨਾ ॥੬॥੨॥ {ਪੰਨਾ 1349}

ਪਦ ਅਰਥ:- ਕੇਰਾ—ਦਾ। ਦੁਹ ਮਹਿ—(ਹਿੰਦੂ ਤੇ ਮੁਸਲਮਾਨ) ਦੋਹਾਂ ਵਿਚੋਂ। ਹੇਰਾ—ਵੇਖਿਆ।1।

ਜੀਵਉ—ਜੀਵਉਂ, ਮੈਂ ਜੀਵਾਂ। ਨਾਈ—ਨਾਮ ਦੀ ਬਰਕਤਿ ਨਾਲ, ਨਾਮ ਸਿਮਰ ਕੇ, ਨਾਮ ਦੀ ਰਾਹੀਂ।1। ਰਹਾਉ।

ਦਖਨ ਦੇਸ—ਜਗਨ ਨਾਥ ਪੁਰੀ ਜੋ ਕਬੀਰ ਜੀ ਦੇ ਵਤਨ ਬਨਾਰਸ ਤੋਂ ਦੱਖਣ ਵਲ ਹੈ। ਪਛਿਮਿ—ਪੱਛਮ ਵੱਲ। ਅਲਹ—ਅੱਲਾਹ ਦਾ, ਰੱਬ ਦਾ। ਦਿਲਿ—ਦਿਲ ਵਿਚ। ਦਿਲੈ ਦਿਲਿ—ਦਿਲ ਹੀ ਦਿਲ ਵਿਚ। ਠਉਰ—ਥਾਂ।2।

ਗਿਆਸ—ਇਕਾਦਸ਼ੀ। ਚਉਬੀਸਾ—24 (ਹਰ ਮਹੀਨੇ ਦੋ ਇਕਾਦਸ਼ੀਆਂ, ਸਾਲ ਵਿਚ 24)। ਮਹ ਰਮਜਾਨਾ—ਰਮਜ਼ਾਨ ਦਾ ਮਹੀਨਾ। ਮਾਸ—ਮਹੀਨੇ। ਪਾਸ ਕੈ—ਲਾਂਭੇ ਕਰ ਕੇ।3।

ਉਡੀਸੇ—ਉਡੀਸੇ ਪ੍ਰਾਂਤ ਦੇ ਤੀਰਥ ਜਗਨ ਨਾਥ ਪੁਰੀ। ਮਜਨੁ—ਤੀਰਥ-ਇਸ਼ਨਾਨ। ਨਾਂਏਂ—ਨਿਵਾਇਆਂ।4।

ਅਉਰਤ—ਜ਼ਨਾਨੀਆਂ। ਮਰਦਾ—ਮਨੁੱਖ। ਪੂੰਗਰਾ—ਨਿੱਕਾ ਜਿਹਾ ਬਾਲ, ਅੰਞਾਣਾ ਬੱਚਾ।5।

ਨਰਵੈ—ਹੇ ਨਾਰੀਓ! ਨਿਹਚੈ—ਜ਼ਰੂਰ, ਨਿਸ਼ਚੇ ਨਾਲ।6।

ਅਰਥ:- ਹੇ ਅੱਲਾਹ! ਹੇ ਰਾਮ! ਹੇ ਸਾਈਂ! ਤੂੰ ਮੇਰੇ ਉੱਤੇ ਮਿਹਰ ਕਰ, (ਮੈਂ ਤੈਨੂੰ ਇਕ ਹੀ ਜਾਣ ਕੇ) ਤੇਰਾ ਨਾਮ ਸਿਮਰ ਕੇ ਜੀਵਾਂ (ਆਤਮਕ ਜੀਵਨ ਹਾਸਲ ਕਰਾਂ)।1। ਰਹਾਉ।

ਜੇ (ਉਹ) ਇਕ ਖ਼ੁਦਾ (ਸਿਰਫ਼) ਕਾਹਬੇ ਵਿਚ ਵੱਸਦਾ ਹੈ ਤਾਂ ਬਾਕੀ ਦਾ ਮੁਲਕ ਕਿਸ ਦਾ (ਕਿਹਾ ਜਾਏ)? (ਸੋ, ਮੁਸਲਮਾਨ ਦਾ ਇਹ ਅਕੀਦਾ ਠੀਕ ਨਹੀਂ ਹੈ)। ਹਿੰਦੂ ਪਰਮਾਤਮਾ ਦਾ ਨਿਵਾਸ ਮੂਰਤੀ ਵਿਚ ਸਮਝਦਾ ਹੈ; (ਇਸ ਤਰ੍ਹਾਂ ਹਿੰਦੂ ਮੁਸਲਮਾਨ) ਦੋਹਾਂ ਵਿਚੋਂ ਕਿਸੇ ਨੇ ਪਰਮਾਤਮਾ ਨੂੰ ਨਹੀਂ ਵੇਖਿਆ।1।

(ਹਿੰਦੂ ਆਖਦਾ ਹੈ ਕਿ) ਹਰੀ ਦਾ ਨਿਵਾਸ ਦੱਖਣ ਦੇਸ ਵਿਚ (ਜਗਨ ਨਾਥ ਪੁਰੀ ਵਿਚ) ਹੈ, ਮੁਸਲਮਾਨ ਆਖਦਾ ਹੈ ਕਿ ਖ਼ੁਦਾ ਦਾ ਘਰ ਪੱਛਮ ਵਲ (ਕਾਹਬੇ ਵਿਚ) ਹੈ। (ਪਰ ਹੇ ਸੱਜਣ!) ਆਪਣੇ ਦਿਲ ਵਿਚ (ਰੱਬ ਨੂੰ) ਭਾਲ, ਸਿਰਫ਼ ਦਿਲ ਵਿਚ ਹੀ ਲੱਭ, ਇਹ ਦਿਲ ਹੀ ਉਸ ਦਾ ਨਿਵਾਸ ਥਾਂ ਹੈ, ਉਸ ਦਾ ਮੁਕਾਮ ਹੈ।2।

ਬ੍ਰਾਹਮਣ ਚੌਵੀ ਇਕਾਦਸ਼ੀਆਂ (ਦੇ ਵਰਤ ਰੱਖਣ ਦੀ ਆਗਿਆ) ਕਰਦੇ ਹਨ, ਕਾਜ਼ੀ ਰਮਜ਼ਾਨ ਦੇ ਮਹੀਨੇ (ਰੋਜ਼ੇ ਰੱਖਣ ਦੀ ਹਿਦਾਇਤ) ਕਰਦੇ ਹਨ। ਇਹ ਲੋਕ (ਬਾਕੀ ਦੇ) ਗਿਆਰਾਂ ਮਹੀਨੇ ਲਾਂਭੇ ਹੀ ਰੱਖ ਦੇਂਦੇ ਹਨ, ਤੇ (ਕੋਈ) ਖ਼ਜ਼ਾਨਾ ਇੱਕੋ ਹੀ ਮਹੀਨੇ ਵਿਚੋਂ ਲੱਭਦੇ ਹਨ।3।

(ਅਸਲ ਗੱਲ ਇਹ ਹੈ ਕਿ) ਜੇ ਦਿਲ ਵਿਚ ਠੱਗੀ ਫ਼ਰੇਬ ਵੱਸਦਾ ਹੈ ਤਾਂ ਨਾਹ ਤਾਂ ਉਡੀਸੇ ਜਗਨ ਨਾਥ ਪੁਰੀ ਵਿਚ ਇਸ਼ਨਾਨ ਕਰਨ ਦਾ ਕੋਈ ਲਾਭ ਹੈ, ਨਾਹ ਮਸੀਤ ਵਿਚ ਜਾ ਕੇ ਸਿਜਦਾ ਕਰਨ ਦਾ ਫ਼ਾਇਦਾ ਹੈ, ਨਾਹ ਨਮਾਜ਼

ਪੜ੍ਹਨ ਦਾ ਲਾਭ ਹੈ, ਨਾਹ ਹੀ ਕਾਹਬੇ ਦਾ ਹੱਜ ਕਰਨ ਦਾ ਕੋਈ ਗੁਣ ਹੈ।4।

ਹੇ ਪ੍ਰਭੂ! ਇਹ ਸਾਰੇ ਇਸਤ੍ਰੀ ਮਰਦ ਜੋ ਤੂੰ ਪੈਦਾ ਕੀਤੇ ਹਨ, ਇਹ ਸਭ ਤੇਰਾ ਹੀ ਰੂਪ ਹਨ (ਤੂੰ ਹੀ ਆਪ ਇਹਨਾਂ ਵਿਚ ਵੱਸਦਾ ਹੈਂ)। ਤੂੰ ਹੀ, ਹੇ ਪ੍ਰਭੂ! ਅੱਲਾਹ ਹੈਂ ਤੇ ਰਾਮ ਹੈਂ। ਮੈਂ ਕਬੀਰ ਤੇਰਾ ਅੰਞਾਣ ਬੱਚਾ ਹਾਂ, (ਤੇਰੇ ਭੇਜੇ ਹੋਏ) ਅਵਤਾਰ ਪੈਗ਼ੰਬਰ ਮੈਨੂੰ ਸਭ ਆਪਣੇ ਦਿੱਸਦੇ ਹਨ।5।

ਕਬੀਰ ਆਖਦਾ ਹੈ—ਹੇ ਨਰ ਨਾਰੀਓ! ਸੁਣੋ, ਇਕ ਪਰਮਾਤਮਾ ਦੀ ਸ਼ਰਨ ਪਵੋ (ਉਹੀ ਅੱਲਾਹ ਹੈ, ਉਹੀ ਰਾਮ ਹੈ)। ਹੇ ਬੰਦਿਓ! ਸਿਰਫ਼ ਨਾਮ ਜਪੋ, ਯਕੀਨ ਨਾਲ ਜਾਣੋ, ਤਾਂ ਹੀ (ਸੰਸਾਰ-ਸਾਗਰ ਤੋਂ) ਤਰ ਸਕੋਗੇ।6।2।

ਸ਼ਬਦ ਦਾ ਭਾਵ:- ਸਰਬ-ਵਿਆਪਕ—ਨਾਹ ਉਚੇਚਾ ਕਾਹਬੇ ਵਿਚ ਬੈਠਾ ਹੈ, ਨਾਹ ਜਗਨਨਾਥ ਪੁਰੀ ਵਿਚ। ਉਸ ਨੂੰ ਆਪਣੇ ਹਿਰਦੇ ਵਿਚ ਵਸਾਓ, ਮਜ਼ਹਬੀ ਪੱਖ-ਪਾਤ ਦੂਰ ਹੋ ਜਾਣਗੇ।